ਫ਼ਰੀਦਕੋਟ/ ਸ੍ਰੀ ਮੁਕਤਸਰ ਸਾਹਿਬ
ਅਜੀਤ, ਬਠਿੰਡਾ
ਅਜੀਤ
ਸੋਮਵਾਰ, 20 ਅਕਤੂਬਰ 2025
12

## ਕੋਕਰੀ ਕਲਾਂ ਦੇ ਸਰਪੰਚ 'ਤੇ ਹੋਏ ਪਰਚੇ ਦਾ ਮਾਮਲਾ ਗਰਮਾਇਆ

ਅਜੀਤਵਾਲ, 19 ਅਕਤੂਬਰ (ਹਰਦੇਵ ਸਿੰਘ ਮਾਨ)-ਹਲਕਾ ਨਿਹਾਲ ਸਿੰਘ ਵਾਲਾ ਦੇ ਵੱਡੇ ਪਿੰਡ ਕੋਕਰੀ ਕਲਾਂ ਵਿਖੇ ਬੀਤੇ ਦਿਨੀਂ ਹੋਏ ਝਗੜੇ ਦੌਰਾਨ ਪਿੰਡ ਦੇ ਮੌਜੂਦਾ ਸਰਪੰਚ ਜਗਤਾਰ ਸਿੰਘ ਖ਼ਿਲਾਫ਼ ਥਾਣਾ ਅਜੀਤਵਾਲ ਦੀ ਪੁਲਿਸ ਵਲੋਂ ਉਸ ਦੇ ਲੜਕੇ ਅਤੇ ਹੋਰਾਂ ਖ਼ਿਲਾਫ਼ ਮੁਕੱਦਮਾ ਦਰਜ ਕਰਨ 'ਤੇ ਅੱਜ ਉਸ ਸਮੇਂ ਅਲੱਗ ਸਥਿਤੀ ਬਣ ਗਈ ਜਦੋਂ ਥਾਣਾ ਅਜੀਤਵਾਲ ਵਿਖੇ ਸਰਪੰਚ ਜਗਤਾਰ ਸਿੰਘ ਦੇ ਹੱਕ ਵਿਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਕਾਮਰੇਡ ਨਿਰਭੈ ਸਿੰਘ ਢੁੱਡੀਕੇ ਨੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਹਿਲਾਂ ਸਰਪੰਚ ਦੀ ਕੁੱਟਮਾਰ ਕਰਨ, ਦਸਤਾਰ ਉਤਾਰਨ ਅਤੇ ਦਾੜ੍ਹੀ ਪੁੱਟਣ ਆਦਿ ਨਾਲ ਪਿੰਡ ਦਾ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ, ਦੂਸਰਾ ਲੜਾਈ ਅੱਡੇ ਵਿਚ ਹੋਈ ਅਤੇ ਗ਼ਲਤ ਜਾਣਕਾਰੀ ਨਾਲ ਘਰ ਦਾ ਦੱਸਿਆ ਗਿਆ ਹੈ, ਜਿਸ ਦਾ ਅਸੀਂ ਵਿਰੋਧ ਕਰਦੇ ਹਾਂ। ਪੁਲਿਸ ਵਲੋਂ ਇਸ ਗ਼ਲਤ ਦਰਜ ਕੀਤੇ ਗਏ ਮੁਕੱਦਮੇ ਨੂੰ ਖ਼ਾਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਾਰਾ ਮਾਮਲਾ ਪੁਲਿਸ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿਚ ਲਿਆਵਾਂਗੇ। ਜੇਕਰ ਇਨਸਾਫ਼ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤੇ ਲੋੜ ਪਈ ਤਾਂ ਥਾਣਾ ਅਜੀਤਵਾਲ ਦੇ ਸਾਹਮਣੇ ਧਰਨਾ ਵੀ ਦੇਣਗੇ।




ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਰੋਡ ਤੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਜਾਂਦੀ ਮੁੱਖ ਗਲੀ ਵਿਚ ਖੜ੍ਹਾ ਸੀਵਰੇਜ ਦਾ ਪਾਣੀ। (ਸੱਜੇ) ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਰੋਡ ਤੋਂ ਬਠਿੰਡਾ ਰੋਡ ਨੂੰ ਮਿਲਾਉਂਦੇ ਰਸਤੇ ਵਿਚ ਕੂੜੇ ਦੇ ਢੇਰਾਂ 'ਦੇ ਖੜ੍ਹੇ ਲਾਵਾਰਿਸ ਪਸ਼ੂ। ਤਸਵੀਰ : ਰਣਜੀਤ ਸਿੰਘ ਢਿੱਲੋਂ

## ਦੀਵਾਲੀ ਦੇ ਤਿਉਹਾਰ ਮੌਕੇ ਵੀ ਸ਼ਹਿਰ 'ਚ ਸਫ਼ਾਈ ਅਤੇ ਸੀਵਰੇਜ ਵਿਵਸਥਾ ਦਾ ਮੰਦਾ ਹਾਲ

### • ਪਿਛਲੇ ਸਾਲ ਵਾਂਗ ਇਸ ਵਾਰ ਵੀ ਦੀਵਾਲੀ ਮੌਕੇ ਘਰਾਂ ਅੱਗੇ ਖੜ੍ਹਾ ਹੈ ਗੰਦਾ ਪਾਣੀ

ਸ੍ਰੀ ਮੁਕਤਸਰ ਸਾਹਿਬ, 19 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਦੀਵਾਲੀ ਦੇ ਤਿਉਹਾਰ ਮੌਕੇ ਵੀ ਸ਼ਹਿਰ ਵਿਚ ਸਫ਼ਾਈ ਅਤੇ ਸੀਵਰੇਜ ਵਿਵਸਥਾ ਦਾ ਬਹੁਤ ਮੰਦਾ ਹਾਲ ਹੈ। ਸ਼ਹਿਰ ਵਿਚ ਬਹੁਤ ਥਾਵਾਂ 'ਤੇ ਸੜਕਾਂ ਨੇੜੇ ਕੂੜੇ ਦੇ ਢੇਰ ਵਿਖਾਈ ਦੇ ਰਹੇ ਹਨ ਅਤੇ ਉਨ੍ਹਾਂ ਤੇ ਲਾਵਾਰਿਸ ਪਸ਼ੂ ਮੂੰਹ ਮਾਰ ਰਹੇ ਹਨ। ਸਥਾਨਕ ਮਲੋਟ ਰੋਡ ਤੋਂ ਬਠਿੰਡਾ ਰੋਡ ਨੂੰ ਮਿਲਾਉਣ ਦੀ ਸੜਕ ਤੇ ਕੂੜੇ ਦੇ ਢੇਰਾਂ ਕੋਲ ਦੀ ਲੰਘਣ ਸਮੇਂ ਲੋਕਾਂ ਨੂੰ ਬਹੁਤ ਮੁਸ਼ਕਿਲ ਪੇਸ਼ ਆਉਂਦੀ ਹੈ ਅਤੇ ਆਸ ਪਾਸ ਦੇ ਲੋਕ ਵੀ ਬਦਬੂ ਫੈਲਣ ਕਾਰਨ ਪ੍ਰੇਸ਼ਾਨ ਹਨ। ਇਸ ਤਰ੍ਹਾਂ ਹੀ ਸ਼ਹਿਰ ਵਿਚ ਸੀਵਰੇਜ ਸਿਸਟਮ ਦਾ ਵੀ ਮੰਦਾ ਹਾਲ ਹੈ। ਕਈ ਮੁਹੱਲਿਆਂ ਵਿਚ ਸੀਵਰੇਜ ਸਿਸਟਮ ਬੰਦ ਹੋਣ ਕਾਰਨ ਗਲੀਆਂ ਵਿਚ ਪਾਣੀ ਖੜ੍ਹਾ ਹੈ। ਲੋਕਾਂ ਨੂੰ ਤਿਉਹਾਰਾਂ ਦੇ ਦਿਨਾਂ ਵਿਚ ਘਰਾਂ ਵਿਚੋਂ ਬਾਹਰ ਨਿਕਲਣਾ ਵੀ ਔਖਾ ਹੋਇਆ ਪਿਆ ਹੈ। ਜੇਕਰ ਮਲੋਟ ਰੋਡ ਸਥਿਤ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਗੱਲ ਕਰੀਏ ਤਾਂ ਇਸ ਮੁਹੱਲੇ ਵਿਚ ਪਿਛਲੇ ਸਾਲ ਦੀਵਾਲੀ ਵਾਲੇ ਦਿਨ ਵੀ ਸੀਵਰੇਜ ਦੀ ਬਦਤਰ ਹਾਲਤ ਸੀ ਅਤੇ ਸਾਲ ਬਾਅਦ ਵੀ ਇਸ ਮੁਹੱਲੇ ਵਿਚ ਇਸ ਵਾਰ ਵੀ ਦੀਵਾਲੀ ਦੇ ਮੌਕੇ ਗਲੀਆਂ ਵਿਚ ਗੰਦੇ ਪਾਣੀ ਦੇ ਛੱਪੜ ਲੱਗੇ ਹੋਏ ਹਨ। ਲੋਕਾਂ ਦੇ ਘਰਾਂ ਦੇ ਬੂਹਿਆਂ ਅੱਗੇ ਸੀਵਰੇਜ ਦਾ ਗੰਦਾ ਕਾਲਾ ਪਾਣੀ ਖੜ੍ਹਾ ਹੈ। ਬਦਬੂ ਫੈਲਣ ਕਾਰਨ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਲੋਕਾਂ ਨੂੰ ਗੰਦੇ ਪਾਣੀ ਵਿਚੋਂ ਲੰਘਣ ਲਈ ਮਜਬੂਰ ਹਨ। ਪਿਛਲੇ ਦਿਨਾਂ ਵਿਚ ਸੀਵਰੇਜ ਸਿਸਟਮ ਨੂੰ ਚਲਾਉਣ ਲਈ ਵਿਭਾਗੀ ਉਪਰਾਲੇ ਵੀ ਸਫ਼ਲ ਸਾਬਤ ਨਹੀਂ ਹੋਏ। ਹਾਲਾਤ ਉਸ ਤੋਂ ਵੀ ਵਿਗੜ ਗਏ ਹਨ ਅਤੇ ਮੇਨ ਹੋਲਾਂ ਵਿਚੋਂ ਪਾਣੀ ਓਵਰਫਲੋ ਹੋ ਕੇ ਗਲੀਆਂ ਵਿਚ ਭਰ ਰਿਹਾ ਹੈ। ਮੁਹੱਲੇ ਵਿਚ ਲੋਕਾਂ ਨੂੰ ਆਉਣਾ ਬਹੁਤ ਮੁਸ਼ਕਿਲ ਹੋ ਗਿਆ ਹੈ ਅਤੇ ਜੋ ਤਿਉਹਾਰਾਂ ਦੇ ਦਿਨਾਂ ਵਿਚ ਰਿਸ਼ਤੇਦਾਰ ਆਉਂਦੇ ਹਨ, ਉਹ ਵੀ ਇਸ ਤਰ੍ਹਾਂ ਗੰਦਗੀ ਭਰੇ ਹਾਲਾਤ ਵੇਖ ਕੇ ਹੈਰਾਨ ਹਨ ਅਤੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਕੋਸਦੇ ਵਿਖਾਈ ਦਿੰਦੇ ਹਨ। ਕਹਿ ਰਹੇ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿਚ ਆਮ ਲੋਕਾਂ ਦਾ

## ਦਿੱਲੀ ਕਾਨਵੈਂਟ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



ਦਿੱਲੀ ਕਾਨਵੈਂਟ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ 'ਤੇ ਪ੍ਰਿੰਸੀਪਲ ਨਮਰਤਾ ਭੱਲਾ ਤੇ ਸਟਾਫ਼ ਨੂੰ ਸਨਮਾਨਿਤ ਕਰਨ ਦਾ ਦ੍ਰਿਸ਼। ਤਸਵੀਰ: ਪੋਪਲੀ

ਫ਼ਤਿਹਗੜ੍ਹ ਪੰਜਤੂਰ, 19 ਅਕਤੂਬਰ (ਜਸਵਿੰਦਰ ਸਿੰਘ ਪੋਪਲੀ)- ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਦਿੱਲੀ ਕਾਨਵੈਂਟ ਸਕੂਲ ਮੁੰਡੀ ਜਮਾਲ ਫ਼ਤਿਹਗੜ੍ਹ ਪੰਜਤੂਰ ਵਲੋਂ ਦੀਵਾਲੀ ਦਾ ਤਿਉਹਾਰ ਬੜੇ ਹੀ ਧੂਮਧਾਮ ਨਾਲ ਮਨਾਉਂਦਾ ਹੈ। ਇਸ ਵਾਰ ਦੀਵਾਲੀ ਨੂੰ ਮੁੱਖ ਰੱਖਦਿਆਂ ਹੋਇਆ ਸਕੂਲ ਵਿਚ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਸਕੂਲ ਵਲੋਂ ਵੱਖ-ਵੱਖ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ। ਰੰਗੋਲੀ ਮੁਕਾਬਲੇ ਵਿਚ ਅਜਿਲਿਆ ਹਾਊਸ ਪਹਿਲੇ ਸਥਾਨ, ਬਲੂ ਬੈਲ ਹਾਊਸ ਦੂਜੇ ਸਥਾਨ ਤੇ ਮੈਂਗੀ ਗੋਲਡ ਅਤੇ ਟਿਊਲਿਪ ਤੀਜੇ ਸਥਾਨ 'ਤੇ ਰਿਹਾ। ਕਲਾਸ ਡੈਕੋਰੇਸ਼ਨ ਵਿਚ ਸੱਤਵੀਂ ਜਮਾਤ ਪਹਿਲੇ ਸਥਾਨ, ਤੀਜੀ ਜਮਾਤ ਦੂਜੇ ਸਥਾਨ ਤੇ ਨੌਵੀਂ ਤੇ ਗਿਆਰ੍ਹਵੀਂ ਜਮਾਤ ਤੀਜੇ ਸਥਾਨ 'ਤੇ ਰਹੀ। ਇਸ ਮੌਕੇ ਸਕੂਲ ਦੇ ਚੇਅਰਮੈਨ ਬਲਜੀਤ ਸਿੰਘ, ਪ੍ਰਧਾਨ ਬਲਵਿੰਦਰ ਸਿੰਘ ਅਤੇ ਪ੍ਰਿੰਸੀਪਲ ਮੈਡਮ ਨਮਰਤਾ ਭੱਲਾ ਵਲੋਂ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਗਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।

## ਗੁਰਨਾਮ ਕੌਰ ਮਾਨ ਨੂੰ ਹਜ਼ਾਰਾਂ ਸੇਜਲ ਅੱਖਾਂ ਨੇ ਦਿੱਤੀ ਅੰਤਿਮ ਵਿਦਾਇਗੀ

### • ਅਮਿਤੋਜ ਮਾਨ ਨੇ ਮਾਂ ਦੀ ਚਿਖਾ ਨੂੰ ਅਗਨੀ ਵਿਖਾਈ




ਸਵ: ਗੁਰਨਾਮ ਕੌਰ ਮਾਨ ਦੀਆਂ ਅੰਤਿਮ ਰਸਮਾਂ ਨਿਭਾਉਂਦੇ ਅਮਿਤੋਜ ਮਾਨ ਤੇ ਪਰਿਵਾਰਕ ਮੈਂਬਰ। (ਸੱਜੇ) ਪ੍ਰਸਿੱਧ ਗੀਤਕਾਰ ਬਾਬੂ ਸਿੰਘ ਮਾਨ ਨਾਲ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਅਤੇ ਇਲਾਕੇ ਦੇ ਲੋਕ ਦੁੱਖ ਸਾਂਝਾ ਕਰਦੇ ਹੋਏ। ਤਸਵੀਰਾਂ: ਆਰ.ਐਸ.ਧੁੰਨਾ

ਸਾਦਿਕ, 19 ਅਕਤੂਬਰ (ਆਰ.ਐਸ.ਧੁੰਨਾ)-ਪੰਜਾਬੀ ਦੇ ਨਾਮਵਰ ਗੀਤਕਾਰ ਬਾਬੂ ਸਿੰਘ ਮਾਨ (ਮਰਾੜ੍ਹਾਂ ਵਾਲਾ) ਦੀ ਧਰਮ ਸੁਪਤਨੀ ਅਤੇ ਉੱਘੇ ਫ਼ਿਲਮਸਾਜ਼ ਅਮਿਤੋਜ ਮਾਨ ਦੀ ਮਾਤਾ ਗੁਰਨਾਮ ਕੌਰ ਮਾਨ ਜੋ ਬੀਤੇ ਦਿਨ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ, ਦਾ ਅੰਤਿਮ ਸੰਸਕਾਰ ਪਿੰਡ ਮਰਾੜ੍ਹ (ਫ਼ਰੀਦਕੋਟ) ਦੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਉਨ੍ਹਾਂ ਦੀ ਅੰਤਿਮ ਯਾਤਰਾ ਵਿਚ ਪਿੰਡ ਵਾਸੀ, ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ, ਧਾਰਮਿਕ ਸ਼ਖ਼ਸੀਅਤਾਂ, ਰਿਸ਼ਤੇਦਾਰਾਂ ਤੋਂ ਇਲਾਵਾ ਇਲਾਕੇ ਦੀ ਸੰਗਤ ਨੇ ਵਿਛੜੀ ਰੂਹ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ। ਮ੍ਰਿਤਕ ਦੀ ਚਿਖਾ ਨੂੰ ਅਗਨੀ ਵਿਖਾਉਣ ਦੀ ਰਸਮ ਅਮਿਤੋਜ ਮਾਨ, ਅਮਰਿੰਦਰ ਸਿੰਘ ਜੈਕੀ, ਜੈ ਸਿੰਘ ਮਾਨ ਸਿੰਘ ਆਦਿ ਪਰਿਵਾਰਕ ਮੈਂਬਰਾਂ ਨੇ ਨਿਭਾਈ। ਇਸ ਮੌਕੇ ਬਾਬੂ ਸਿੰਘ ਮਾਨ, ਅਮਿਤੋਜ ਮਾਨ ਅਤੇ ਮਾਨ ਪਰਿਵਾਰ ਨਾਲ ਗੁਰਮੀਤ ਸਿੰਘ ਖੁੱਡੀਆ ਕੈਬਨਿਟ ਮੰਤਰੀ ਪੰਜਾਬ, ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਗਗਨਦੀਪ ਸਿੰਘ ਧਾਲੀਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ ਫ਼ਰੀਦਕੋਟ, ਗੁਰਤੇਜ ਸਿੰਘ ਖੋਸਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਸਾਬਕਾ ਵਿਧਾਇਕ ਮਨਤਾਰ ਸਿੰਘ ਬਰਾੜ, ਸਾਬਕਾ ਵਿਧਾਇਕ ਰਮਿੰਦਰ ਆਂਵਲਾ, ਪਰਮਬੰਸ ਸਿੰਘ ਬੰਟੀ ਰੋਮਾਣਾ, ਨਵਦੀਪ ਸਿੰਘ ਬੱਬੂ ਬਰਾੜ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ, ਲਖਬੀਰ ਸਿੰਘ ਲੱਖਾ ਸਿਧਾਣਾ ਕਨਵੀਨਰ ਮਾਂ ਬੋਲੀ ਪੰਜਾਬੀ, ਜਸਵਿੰਦਰ ਸਿੰਘ ਸੰਧੂ ਜਨਰਲ ਸਕੱਤਰ ਪੰਜਾਬ ਫੋਟੋਗ੍ਰਾਫਰਜ਼ ਐਸੋਸੀਏਸ਼ਨ ਰਜਿ: ਪੰਜਾਬ, ਐਸ.ਐਚ.ਓ ਥਾਣਾ ਸਾਦਿਕ ਨਵਦੀਪ ਸਿੰਘ ਭੱਟੀ, ਲੋਕ ਗਾਇਕ ਹਰਭਜਨ ਮਾਨ, ਭਾਨਾ ਸਿੱਧੂ, ਸੰਧੂ ਸੁਰਜੀਤ, ਹਰਿੰਦਰ ਸੰਧੂ, ਕੁਲਵਿੰਦਰ ਕੰਵਲ, ਸਰਦਾਰ ਸੋਹੀ, ਗੁਰਸੰਤ ਸਿੰਘ ਬਰਾੜ, ਗਰਬਚਨ ਸਿੰਘ ਬਰਾੜ, ਸਾਬਕਾ ਚੇਅਰਮੈਨ ਗਿੰਦਰਜੀਤ ਸਿੰਘ ਸੇਖੋਂ, ਅਮਰਜੀਤ ਸਿੰਘ ਜੱਜ, ਮਲਕੀਤ ਸਿੰਘ ਕੰਗ, ਰਣਜੀਤ ਸਿੰਘ ਬਰਾੜ ਭੋਲੂਵਾਲਾ, ਜਗਦੀਪ ਸਿੰਘ ਢਿੱਲੋਂ ਕਾਨੂੰਗੋ, ਰਿਪਜੀਤ ਸਿੰਘ ਸੇਖੋਂ (ਰਿੰਪੀ ਸੇਖੋਂ), ਲਖਵਿੰਦਰ ਮਾਨ, ਭੁਪਿੰਦਰ ਸਿੰਘ ਸੰਗਤਪੁਰਾ, ਸਾਬਕਾ ਸਰਪੰਚ ਬਲਕਰਨ ਸਿੰਘ ਬਰਾੜ, ਬਾਬਾ ਗੁਰਦੇਵ ਸਿੰਘ ਜੰਡ ਸਾਹਿਬ, ਪ੍ਰਗਟ ਸਿੰਘ ਮਰਾੜ੍ਹ, ਕੁਲਵਿੰਦਰ ਸਿੰਘ ਅਹਿਲ, ਰਛਪਾਲ ਸਿੰਘ ਬਰਾੜ, ਬੋਹੜ ਸਿੰਘ ਥਿੰਦ, ਰਾਜਵਿੰਦਰ ਸਿੰਘ ਸ਼ਿਮਰੇਵਾਲਾ, ਰਣਧੀਰ ਸਿੰਘ ਸੰਧੂ, ਹੈਪੀ ਸੰਧੂ, ਕੇਵਲ ਸਿੰਘ ਸੰਧੂ, ਸੁਖਜਿੰਦਰ ਅਰੋੜਾ, ਡਾ. ਕੇਵਲ ਅਰੋੜਾ, ਨਵਪ੍ਰੀਤ ਸਿੰਘ ਸੰਧੂ ਆਦਿ ਨੇ ਦੁੱਖ ਸਾਂਝਾ ਕੀਤਾ।

## ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਦੀਵਾਲੀ ਦਾ ਤਿਓਹਾਰ ਮਨਾਇਆ

ਫ਼ਰੀਦਕੋਟ, 19 ਅਕਤੂਬਰ (ਜਸਵੰਤ ਸਿੰਘ ਪੁਰਬਾ)-ਲੋਕ ਸੁਰੱਖਿਆ ਲਈ ਪਾਬੰਧ ਪੁਲਿਸ ਫ਼ੋਰਸ ਦੇ ਜਵਾਨਾਂ ਲਈ ਹਰ ਦੀ ਅਗਵਾਈ ਵਿਚ ਪੁਲਿਸ ਵਿਭਾਗ ਵਲੋਂ ਇਕ ਨਵੀਂ ਪਹਿਲ ਕੀਤੀ ਗਈ ਹੈ। ਉਨ੍ਹਾਂ ਪੁਲਿਸ ਪਰਿਵਾਰ ਨਾਲ ਅੱਜ



ਦੀਵਾਲੀ ਮਨਾਉਣ ਉਪਰੰਤ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ। ਅਜੀਤ ਤਸਵੀਰ

ਤਿਓਹਾਰ ਆਪਣੀ ਡਿਊਟੀ ਨੂੰ ਸਮਰਪਿਤ ਹੁੰਦਾ ਹੈ ਅਤੇ ਜਦੋਂ ਸਾਰੇ ਤਿਓਹਾਰ ਮਨਾ ਰਹੇ ਹੁੰਦੇ ਹਨ ਤਾਂ ਪੁਲਿਸ ਵਿਭਾਗ ਦੇ ਲੋਕ ਆਮ ਲੋਕਾਂ ਦੀ ਸੁਰੱਖਿਆ ਲਈ ਡਿਊਟੀ ਨਿਭਾਅ ਰਹੇ ਹੁੰਦੇ ਹਨ ਪਰ ਇਸ ਵਾਰ ਜ਼ਿਲ੍ਹੇ ਦੇ ਐਸ.ਐਸ.ਪੀ ਡਾ. ਪ੍ਰਗਿਆ ਜੈਨ ਦਿਵਾਲੀ ਮਨਾਈ ਅਤੇ ਉਨ੍ਹਾਂ ਨਾਲ ਇਸ ਪਵਿੱਤਰ ਦਿਨ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਫ਼ਰੀਦਕੋਟ ਪੁਲਿਸ ਵਿਭਾਗ ਵਲੋਂ ਇਕ ਸਾਦਗੀ ਭਰਿਆ ਪਰ ਉਤਸ਼ਾਹ ਪੂਰਨ ਸਮਾਗਮ ਕਰਵਾਇਆ ਗਿਆ। ਜਿਸ ਵਿਚ ਐਸ.ਐਸ.ਪੀ ਡਾ. ਪ੍ਰਗਿਆ ਜੈਨ ਵਲੋਂ ਪੁਲਿਸ ਵਿਭਾਗ ਦੇ ਜੀ.ਓ, ਐਸ.ਐਚ.ਓ, ਚੌਂਕੀ ਇੰਚਾਰਜ ਅਤੇ ਮੁਲਾਜ਼ਮਾਂ ਨਾਲ ਤਿਉਹਾਰ ਦੀ ਖ਼ੁਸ਼ੀ ਸਾਂਝੀ ਕਰਦੇ ਹੋਏ ਦੀਵਾਲੀ ਮਨਾਈ ਗਈ। ਉਨ੍ਹਾਂ ਸਭ ਨੂੰ ਖ਼ੁਸ਼ਹਾਲੀ, ਏਕਤਾ ਅਤੇ ਰੋਸ਼ਨੀ ਭਰੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਾਰੇ ਸਮਾਜ ਲਈ ਸੁਰੱਖਿਅਤ ਮਾਹੌਲ ਬਣਾਉਣ ਲਈ ਸਾਂਝੇ ਯਤਨਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਦੀਵਾਲੀ ਸਿਰਫ਼ ਰੌਸ਼ਨੀ ਦਾ ਤਿਉਹਾਰ ਨਹੀਂ ਹੈ, ਸਗੋਂ ਇਹ ਏਕਤਾ ਅਤੇ ਖ਼ੁਸ਼ੀ ਦਾ ਪ੍ਰਤੀਕ ਹੈ ਅਤੇ ਉਹ ਚਾਹੁੰਦੇ ਹਨ ਕਿ ਇਹ ਤਿਉਹਾਰ ਹਰ ਇਕ ਦੇ ਜੀਵਨ ਵਿਚ ਖ਼ੁਸ਼ੀਆਂ ਅਤੇ ਤਰੱਕੀ ਲਿਆਵੇ ਅਤੇ ਅਸੀਂ ਸਭ ਮਿਲ ਕੇ ਸਮਾਜ ਵਿਚ ਅਮਨ ਅਤੇ ਸੁਰੱਖਿਆ ਕਾਇਮ ਰੱਖਣ ਲਈ ਯੋਗਦਾਨ ਪਾਈਏ। ਇਸ ਮੌਕੇ ਪੁਲਿਸ ਅਧਿਕਾਰੀਆਂ ਵਲੋਂ ਆਪਣੀ ਖ਼ੁਸ਼ੀ ਜ਼ਾਹਿਰ ਕਰਦਿਆਂ ਆਪਣੀ ਡਿਊਟੀ ਪ੍ਰਤੀ ਸਮਰਪਣ ਅਤੇ ਜਵਾਬਦੇਹੀ ਨੂੰ ਮਜ਼ਬੂਤੀ ਨਾਲ ਨਿਭਾਉਣ ਦਾ ਸੰਕਲਪ ਲਿਆ ਗਿਆ। ਇਸ ਮੌਕੇ ਮਨਵਿੰਦਰ ਬੀਰ ਸਿੰਘ ਐਸ. ਪੀ (ਸਥਾਨਕ), ਰਾਜੇਸ਼ ਕੁਮਾਰ ਡੀ. ਐਸ. ਪੀ (ਸਥਾਨਕ), ਰਮਨਦੀਪ ਸਿੰਘ ਡੀ. ਐਸ. ਪੀ (ਐਨ. ਡੀ. ਪੀ. ਐਸ), ਅਵਤਾਰ ਸਿੰਘ ਡੀ. ਐਸ. ਪੀ (ਇੰਨਵੈਸਟੀਗੇਸ਼ਨ), ਜਗਤਾਰ ਸਿੰਘ ਡੀ.ਐਸ.ਪੀ (ਸੀ ਐਂਡ ਡਬਲਿਊ), ਤਰਲੋਚਨ ਸਿੰਘ ਡੀ.ਐਸ.ਪੀ (ਸਬ-ਡਵੀਜਨ), ਸੰਜੀਵ ਕੁਮਾਰ ਡੀ.ਐਸ.ਪੀ (ਸਬ-ਡਵੀਜਨ) ਕੋਟਕਪੂਰਾ ਅਤੇ ਇਕਬਾਲ ਸਿੰਘ ਡੀ.ਐਸ.ਪੀ (ਸਬ-ਡਵੀਜਨ) ਜੈਤੋ, ਜਤਿੰਦਰ ਸਿੰਘ ਡੀ.ਐਸ.ਪੀ ਅਤੇ ਮਨੋਜ ਕੁਮਾਰ ਡੀ.ਐਸ.ਪੀ ਸਮੇਤ ਸਮੂਹ ਮੁੱਖ ਅਫ਼ਸਰ ਥਾਣਾ/ਚੌਂਕੀ ਇੰਚਾਰਜ ਸਮੇਤ ਯੂਨਿਟ ਇੰਚਾਰਜ ਅਤੇ ਬਰਾਂਚ ਇੰਚਾਰਜ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



ਦੀਵਾਲੀ ਦਾ ਤਿਉਹਾਰ ਮਨਾਉਂਦੇ ਹੋਏ ਅਧਿਆਪਕ ਅਤੇ ਕਮੇਟੀ ਮੈਂਬਰ। ਤਸਵੀਰ: ਪਰਮਜੀਤ ਸਿੰਘ

## ਯੂ.ਕੇ. ਇੰਟਰਨੈਸ਼ਨਲ ਸਕੂਲ ਵਿਚ ਦੀਵਾਲੀ ਦਾ ਉਤਸਵ ਮਨਾਇਆ

ਧਰਮਕੋਟ, 19 ਅਕਤੂਬਰ (ਪਰਮਜੀਤ ਸਿੰਘ)-ਯੂ.ਕੇ. ਇੰਟਰਨੈਸ਼ਨਲ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਸਜਾਉਣ ਦੀ ਗਤੀਵਿਧੀ ਨਾਲ ਹੋਈ, ਜਿਸ ਵਿਚ ਵਿਦਿਆਰਥੀਆਂ ਨੇ ਸੁੰਦਰ ਮਿੱਟੀ ਦੇ ਦੀਵੇ ਸਜਾ ਕੇ ਆਪਣੀ ਰਚਨਾਤਮਿਕਤਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਬਾਅਦ ਇੰਟਰ ਹਾਊਸ ਰੰਗੋਲੀ ਮੁਕਾਬਲਾ ਹੋਇਆ, ਜਿਸ ਨਾਲ ਪੂਰਾ ਸਕੂਲ ਰੰਗਾਂ ਨਾਲ ਚਮਕ ਉੱਠਿਆ। ਕਿੰਡਰਗਾਰਟਨ ਦੇ ਬੱਚੇ ਰੰਗ-ਬਰੰਗੇ ਪਹਿਰਾਵੇ ਵਿਚ ਸਕੂਲ ਆਏ, ਜਿਨ੍ਹਾਂ ਨੇ ਸਮਾਰੋਹ ਵਿਚ ਚਾਰ ਚੰਨ ਲਾ ਦਿੱਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਰੋਜ਼ੀ ਮਹਿਤਾ ਨੇ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਕਾਰ ਸਿੰਘ, ਬਲਿਹਾਰ ਸਿੰਘ ਅਤੇ ਕੁਲਵੰਤ ਸਿੰਘ ਚੀਮਾ ਨੇ ਵੀ ਸਾਰੇ ਅਧਿਆਪਕਾਂ ਅਤੇ ਸਹਾਇਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ।



ਡੀ.ਐਸ. ਬਲੌਸਮ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਰੰਗੋਲੀ ਬਣਾਉਂਦੇ ਅਧਿਆਪਕ। ਤਸਵੀਰ: ਹਰਜੀਤ ਸਿੰਘ

## ਡੀ.ਐਸ. ਬਲੌਸਮ ਸਕੂਲ ਵਿਖੇ ਗਰੀਨ ਦੀਵਾਲੀ ਮਨਾਈ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਡੀ.ਐਸ. ਬਲੌਸਮ ਹਾਈ ਸਕੂਲ ਨਾਨਕ ਨਗਰੀ ਮੋਗਾ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਪ੍ਰੇਮ ਚੰਦ ਗੁਪਤਾ, ਡਾਇਰੈਕਟਰ ਮੇਜਰ ਸਤਿੰਦਰ ਸਿੰਘ, ਪ੍ਰਿੰਸੀਪਲ ਤੇਜਿੰਦਰ ਸਿੰਘ ਤੇ ਵਾਈਸ ਪ੍ਰਿੰਸੀਪਲ ਅਮਨਦੀਪ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਸੰਬੰਧੀ ਕਿਹਾ ਕਿ ਦੀਵਾਲੀ ਦਾ ਤਿਉਹਾਰ ਇਕ ਆਪਸੀ ਸਾਂਝ ਤੇ ਭਾਈਚਾਰਕ ਦਾ ਤਿਉਹਾਰ ਹੈ। ਇਹ ਤਿਉਹਾਰ ਹਿੰਦੂਆਂ ਤੇ ਸਿੱਖਾਂ ਦਾ ਸਾਂਝਾ ਤਿਉਹਾਰ ਹੈ। ਸਾਨੂੰ ਅਜਿਹੇ ਖ਼ੁਸ਼ੀਆਂ ਦੇ ਤਿਉਹਾਰ ਰਲ ਮਿਲ ਕੇ ਮਿਲਾਉਣੇ ਚਾਹੀਦੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਕਿਹਾ ਕਿ ਇਸ ਦਿਨ ਪਟਾਕੇ ਨਾ ਚਲਾ ਕੇ ਸਗੋਂ ਇਕ ਬੂਟਾ ਲਗਾ ਕੇ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਰੰਗੋਲੀਆਂ ਤੇ ਦੀਵੇ ਬਣਾਏ। ਅੰਤ ਵਿਚ ਪ੍ਰਿੰਸੀਪਲ ਨੇ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਸਾਰੀਆਂ ਨੂੰ ਵਧਾਈ ਦਿੱਤੀ।

## ਪਿੰਡ ਅਜੀਤਵਾਲ ਦੇ ਕਈ ਪਰਿਵਾਰ ਅਕਾਲੀ ਦਲ 'ਚ ਸ਼ਾਮਿਲ

ਅਜੀਤਵਾਲ, 19 ਅਕਤੂਬਰ (ਹਰਦੇਵ ਸਿੰਘ ਮਾਨ)- ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਅਤੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋ ਨੇ ਪਿੰਡ ਅਜੀਤਵਾਲ ਵਿਖੇ ਰੱਖੇ ਪਾਰਟੀ ਇਕੱਠ ਦੌਰਾਨ ਸੰਬੋਧਨ ਕਰਦਿਆਂ ਦੱਸਿਆ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡਾਂ 'ਚੋਂ ਹਰ ਰੋਜ਼ ਲੋਕ ਆਪ ਮੁਹਾਰੇ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ ਤੇ ਅੱਜ ਪਿੰਡ ਅਜੀਤਵਾਲ ਤੋਂ ਕਰੀਬ 25 ਪਰਿਵਾਰਾਂ ਦੇ ਨੁਮਾਇੰਦਿਆਂ ਨੇ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋ ਕੇ ਪਾਰਟੀ ਦੇ ਪਰਿਵਾਰ ਵਿਚ ਵਾਧਾ ਕੀਤਾ ਹੈ। ਹਲਕੇ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਹਾਜ਼ਰੀ ਨਾਲ ਹੋਏ ਇਕੱਠ ਦੌਰਾਨ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਵਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ ਤੇ ਪੰਜਾਬ ਦਾ ਹਰ ਵਰਗ ਦੁਖੀ ਤੇ ਨਿਰਾਸ਼ ਹੈ, ਹੁਣ ਹਾਲਾਤ ਇਹ ਹਨ ਕਿ ਪੰਜਾਬ ਵਾਸੀ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਮੁੜ ਪੰਜਾਬ ਵਿਚ ਵੇਖਣ ਲਈ ਕਾਹਲੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਵਲੋਂ ਸਮੁੱਚੇ ਅਕਾਲੀ ਦਲ ਤੇ ਪੰਜਾਬ ਵਾਸੀਆਂ ਨਾਲ ਹੜ੍ਹਾਂ ਮਾਰੇ ਇਲਾਕੇ ਵਿਚ ਕੀਤੀ ਸੇਵਾ ਨੇ ਲੋਕਾਂ ਵਿੱਚ ਅਕਾਲੀ ਦਲ ਦੀ ਦਿੱਖ ਨੂੰ ਹੋਰ ਉੱਚਾ ਕੀਤਾ ਹੈ। ਇਸ ਮੌਕੇ ਸਰਕਲ ਪ੍ਰਧਾਨ ਸੁਰਜੀਤ ਸਿੰਘ ਝੰਡੇਆਣਾ, ਸਰਕਲ ਪ੍ਰਧਾਨ ਜਗਮੋਹਨ ਸਿੰਘ ਕੋਕਰੀ, ਪ੍ਰਧਾਨ ਪ੍ਰੀਤਮ ਸਿੰਘ, ਬਲਪ੍ਰੀਤ ਸਿੰਘ ਢੁੱਡੀਕੇ, ਕੁਲਦੀਪ ਸਿੰਘ ਮਧੇਕੇ, ਸੌਦਾਗਰ ਸਿੰਘ, ਹਰਮੇਲ ਸਿੰਘ, ਹਰਚੰਦ ਸਿੰਘ, ਜਗਦੀਸ਼ ਸਿੰਘ, ਛਿੰਦਰਪਾਲ



ਪਿੰਡ ਅਜੀਤਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨਾਲ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ ਤੇ ਸਰਕਲ ਆਗੂ ਤੇ ਹੋਰ। ਅਜੀਤ ਤਸਵੀਰ

ਸੀ. ਆਗੂ ਅਜੀਤਪਾਲ ਸਿੰਘ, ਗੁਰਬਖ਼ਸ਼ ਸਿੰਘ ਰਣੀਆਂ ਵੀ ਮੌਜੂਦ ਰਹੇ। ਆਪਣੇ ਸੰਬੋਧਨ ਦੌਰਾਨ ਖਣਮੁੱਖ ਭਾਰਤੀ ਪੱਤੋ ਨੇ ਕਿਹਾ ਪੂਰਨ ਪੱਤੋ ਦੀ ਸ਼ਲਾਘਾ ਕੀਤੀ ਜਿਨ੍ਹਾਂ ਦੀ ਪ੍ਰੇਰਨਾ ਨਾਲ ਸੁਖਜਿੰਦਰ ਸਿੰਘ ਉਦੈਮ ਤੇ ਇਹ ਪਰਿਵਾਰ ਅਕਾਲੀ ਦਲ ਨਾਲ ਜੁੜੇ ਹਨ। ਆਗੂਆਂ ਨੇ ਪਾਰਟੀ ਵਿਚ ਸ਼ਾਮਿਲ ਹੋਣ ਵਾਲਿਆਂ ਨੂੰ ਭਰੋਸਾ ਦਵਾਇਆ ਕਿ ਸਭ ਨੂੰ ਪਾਰਟੀ ਵਿਚ ਮਾਣ-ਸਨਮਾਨ ਅਤੇ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਡਾ. ਨਿਰਮਲ ਸਿੰਘ, ਨੰਬਰਦਾਰ ਸਿਕੰਦਰ ਸਿੰਘ, ਨੰਬਰਦਾਰ ਪ੍ਰੀਤਮ ਸਿੰਘ, ਰੇਸ਼ਮ ਸਿੰਘ ਚੂਹੜਚੱਕ, ਅਤਿੰਦਰ ਸਿੰਘ (ਪੀ.ਏ), ਸਾਬਕਾ ਪੰਚ ਜੱਗਾ ਸਿੰਘ, ਤੇਜਾ ਸਿੰਘ, ਅਵਤਾਰ ਸਿੰਘ, ਦੂਧ ਨਾਥ, ਗੁਰਭਾਗ ਸਿੰਘ, ਸਿੰਘ, ਮਹਿੰਦਰ ਸਿੰਘ ਸਮੇਤ ਪਿੰਡ ਵਾਸੀ ਮੌਜੂਦ ਸਨ। ਇਸ ਦੌਰਾਨ ਪਾਰਟੀ ਆਗੂਆਂ ਵਲੋਂ ਅਕਾਲੀ ਦਲ 'ਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

## ਬੱਚਿਆਂ ਨੂੰ ਹਰੀ ਦੀਵਾਲੀ ਮਨਾਉਣ ਲਈ ਪ੍ਰੇਰਿਤ ਕਰਨ ਦੀ ਲੋੜ-ਤੇਜਿੰਦਰ ਸਿੰਘ ਜਸ਼ਨ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ ਨੇ ਦੀਵਾਲੀ ਦੇ ਖ਼ੁਸ਼ੀਆਂ ਭਰੇ ਤਿਉਹਾਰ ਨੂੰ 'ਹਰੀ ਦੀਵਾਲੀ' ਵਜੋਂ ਮਨਾਉਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਜਦੋਂ ਸਾਡੇ ਦੇਸ਼ ਵਿਚ ਪ੍ਰਦੂਸ਼ਣ ਸਭ ਹੱਦਾਂ ਬੰਨੇ ਟੱਪ ਚੁੱਕਾ ਹੈ ਅਤੇ ਹਵਾਵਾਂ ਵਿਚ ਘੁਲੀ ਜ਼ਹਿਰ ਕਾਰਨ ਲੋਕ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਨਾਲ ਜੂਝ ਰਹੇ ਨੇ ਅਜਿਹੇ ਵਕਤ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਖ਼ੁਦ ਵੀ ਪਟਾਕਿਆਂ ਤੋਂ ਗੁਰੇਜ਼ ਕਰੀਏ ਅਤੇ ਬੱਚਿਆਂ ਨੂੰ ਵੀ ਪਟਾਕੇ ਚਲਾਉਣ ਤੋਂ ਵਰਜਦਿਆਂ ਰੰਗੋਲੀ ਸਜਾਉਣ, ਪੌਦੇ ਲਗਾਉਣ ਅਤੇ ਘਰ ਵਿਚ ਹੀ ਤਿਆਰ ਕੀਤੀਆਂ ਮਠਿਆਈਆਂ ਦੀ ਭਰਪੂਰ ਵਰਤੋਂ ਕਾਰਨ ਲਈ ਪ੍ਰੇਰਿਤ ਕਰੀਏ। ਉਨ੍ਹਾਂ ਡਿਪਟੀ ਕਮਿਸ਼ਨਰ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਵੀ ਅਪੀਲ ਕੀਤੀ। ਤੇਜਿੰਦਰ ਸਿੰਘ ਜਸ਼ਨ ਨੇ ਆਮ ਲੋਕਾਂ ਨੂੰ ਬੇਲੋੜੀ ਖ਼ਰੀਦਦਾਰੀ ਤੋਂ ਬਚਣ ਅਤੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਦੇਸੀ ਵਸਤੂਆਂ ਖ਼ਾਸ ਕਰ ਮਿੱਟੀ ਦੇ ਦੀਵੇ ਅਤੇ ਹਟੜੀਆਂ ਆਦਿ ਖ਼ਰੀਦਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਨੂੰ ਸੁਰੱਖਿਅਤ ਅਤੇ ਸੁਚੇਤ ਢੰਗ ਨਾਲ ਮਨਾਉਣ ਦੇ ਨਾਲ-ਨਾਲ ਮਿਲਾਵਟੀ ਸਾਮਾਨ ਤੋਂ ਬਚਣ ਅਤੇ ਖ਼ੁਸ਼ਹਾਲ ਜੀਵਨ ਸ਼ੈਲੀ ਅਪਣਾਉਣ ਦਾ ਅਹਿਦ ਲੈਣ ਦੀ ਵੀ ਲੋੜ ਹੈ।



ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ



ਜੀ.ਐਨ. ਸਕੂਲ ਭਲੂਰ ਦੇ ਬੱਚੇ ਦੀਵਾਲੀ ਮਨਾਉਣ ਸਮੇਂ। ਤਸਵੀਰ : ਨਵਦੀਪ ਸਿੰਘ

## ਜੀ.ਐਨ. ਕਾਨਵੈਂਟ ਸਕੂਲ 'ਚ ਮਨਾਇਆ ਦੀਵਾਲੀ ਦਾ ਤਿਉਹਾਰ

ਨੱਥੂਵਾਲਾ ਗਰਬੀ, 19 ਅਕਤੂਬਰ (ਨਵਦੀਪ ਸਿੰਘ)-ਅੱਜ ਜੀ.ਐਨ. ਕਾਨਵੈਂਟ ਸਕੂਲ ਭਲੂਰ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਸਭਿਆਚਾਰਕ ਅਤੇ ਵਿਰਾਸਤੀ ਗਤੀਵਿਧੀਆਂ ਪੇਸ਼ ਕੀਤੀਆਂ। ਦੀਵਾਲੀ ਦੇ ਸ਼ੁੱਭ ਮੌਕੇ 'ਤੇ ਬੱਚਿਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਖ਼ੂਬਸੂਰਤ ਰੰਗੋਲੀਆਂ ਬਣਾਈਆਂ ਅਤੇ ਕਈ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ। ਇਸ ਦੇ ਨਾਲ ਹੀ ਵਿਦਿਆਰਥੀਆਂ ਵਿਚ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਅਤੇ ਦਸਤਾਰ ਸਜਾਊ ਮੁਕਾਬਲੇ ਵਿਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ। ਪ੍ਰੋਗਰਾਮ ਦੇ ਅੰਤ ਵਿਚ, ਸਕੂਲ ਦੀ ਪ੍ਰਬੰਧਨ ਕਮੇਟੀ ਅਤੇ ਪ੍ਰਿੰਸੀਪਲ ਨੇ ਬੱਚਿਆਂ ਨੂੰ ਦੀਵਾਲੀ ਦੀ ਵਧਾਈ ਦਿੱਤੀ ਅਤੇ ਹਰੀ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਪਟਾਕਿਆਂ ਅਤੇ ਪ੍ਰਦੂਸ਼ਣ ਤੋਂ ਦੂਰ ਰਹਿਣ ਅਤੇ ਵਾਤਾਵਰਣ ਦੀ ਸੰਭਾਲ ਲਈ ਜਾਗਰੂਕ ਹੋਣ ਲਈ ਪ੍ਰੇਰਿਤ ਕੀਤਾ। ਅੰਤ ਵਿਚ ਸਾਰੇ ਬੱਚਿਆਂ ਨੂੰ ਮਠਿਆਈ ਵੰਡੀ ਗਈ।

## ਕੈਬਨਿਟ ਮੰਤਰੀ ਖੁੱਡੀਆਂ ਨੇ ਮਾਨ ਪਰਿਵਾਰ ਨਾਲ ਮੁੱਖ ਮੰਤਰੀ ਦੀ ਤਰਫ਼ੋਂ ਕੀਤਾ ਦੁੱਖ ਸਾਂਝਾ

ਫ਼ਰੀਦਕੋਟ, 19 ਅਕਤੂਬਰ (ਜਸਵੰਤ ਸਿੰਘ ਪੁਰਬਾ)-ਉੱਘੇ ਸਾਹਿਤਕਾਰ/ਗੀਤਕਾਰ ਤੇ ਫ਼ਰੀਦਕੋਟ ਜ਼ਿਲ੍ਹੇ ਨਾਲ ਸੰਬੰਧਿਤ ਬਾਬੂ ਸਿੰਘ ਮਾਨ ਦੀ ਸੁਪਤਨੀ ਗੁਰਨਾਮ ਕੌਰ ਜਿਨ੍ਹਾਂ ਦਾ ਬੀਤੇ ਦਿਨੀਂ ਮੋਹਾਲੀ ਵਿਖੇ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੇ ਦੇਹਾਂਤ 'ਤੇ ਪੰਜਾਬ ਸਰਕਾਰ ਵਲੋਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬਾਬੂ ਸਿੰਘ ਮਾਨ ਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਨ੍ਹਾਂ ਦੇ ਬਾਬੂ ਸਿੰਘ ਮਾਨ ਨਾਲ ਪਰਿਵਾਰਕ ਸਬੰਧ ਹਨ, ਉਨ੍ਹਾਂ ਨੇ ਵੀ ਮਾਤਾ ਜੀ ਗੁਰਨਾਮ ਕੌਰ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਗੁਰਮੀਤ ਸਿੰਘ ਖੁੱਡੀਆਂ ਨੇ ਮਾਨ ਪਰਿਵਾਰ ਨਾਲ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਮਾਤਾ ਗੁਰਨਾਮ ਕੌਰ ਇਕ ਸਾਧਾਰਨ, ਧਾਰਮਿਕ ਤੇ ਮਨੁੱਖਤਾ ਪ੍ਰੇਮੀ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦੌਰਾਨ ਹਮੇਸ਼ਾ ਸੱਚ, ਇਮਾਨਦਾਰੀ ਅਤੇ ਸੇਵਾ ਦੇ ਮੁੱਲਾਂ ਨੂੰ ਅਪਣਾਇਆ। ਉਨ੍ਹਾਂ ਦੀ ਨਿਮਰਤਾ ਅਤੇ ਸਹਿਯੋਗੀ ਸੁਭਾਅ ਨੇ ਸਭ ਦੇ ਦਿਲਾਂ 'ਚ ਅਮਿੱਟ ਛਾਪ ਛੱਡੀ ਹੈ। ਉਨ੍ਹਾਂ ਰੱਬ ਅੱਗੇ ਅਰਦਾਸ ਕੀਤੀ ਕਿ ਰੱਬ ਮਾਤਾ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਇਸ ਅਸਹਿਣਯੋਗ ਘੜੀ ਵਿਚ ਹੌਂਸਲਾ ਬਖ਼ਸ਼ੇ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਤੇਜ ਸਿੰਘ ਖੋਸਾ, ਚੇਅਰਮੈਨ ਨਗਰ ਸੁਧਾਰ ਟਰੱਸਟ ਗਗਨਦੀਪ ਸਿੰਘ ਧਾਲੀਵਾਲ, ਚੇਅਰਮੈਨ ਮਾਰਕੀਟ ਕਮੇਟੀ ਸਾਦਿਕ ਰਮਨਦੀਪ ਸਿੰਘ ਮੁਮਾਰਾ, ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ, ਰਮਿੰਦਰ ਆਂਵਲਾ ਸਾਬਕਾ ਵਿਧਾਇਕ, ਹਰਭਜਨ ਮਾਨ ਤੋਂ ਇਲਾਵਾ ਹੋਰ ਹਾਜ਼ਰ ਸਨ।

## ਅੱਜ ਲੱਗੇਗਾ ਦੀਵਾਲੀ ਲਈ ਦੇਸੀ ਘਿਉ 'ਚ ਤਿਆਰ ਮਠਿਆਈਆਂ ਦਾ ਕਿਸਾਨ ਬਾਜ਼ਾਰ-ਹਰਜੀਤ ਸਿੰਘ

ਮੋਗਾ, 19 ਅਕਤੂਬਰ (ਗੁਰਤੇਜ ਸਿੰਘ ਬੱਬੀ)-ਮੋਗਾ ਵਿਖੇ ਉੱਦਮੀ ਕਿਸਾਨਾਂ ਵਲੋਂ ਜ਼ਹਿਰ ਮੁਕਤ ਆਰਗੈਨਿਕ ਤਰੀਕੇ ਨਾਲ ਉਗਾਈਆਂ ਖਾਣ ਪੀਣ ਵਾਲੀਆਂ ਵਸਤੂਆਂ ਦਾ ਬਾਜ਼ਾਰ ਸਥਾਨਕ ਸ਼ਹਿਰ ਦੇ ਨੇਚਰ ਪਾਰਕ ਵਿਚ ਲੱਗਦਾ ਹੈ ਪਰ ਇਸ ਵਾਰ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਅੱਜ 20 ਅਕਤੂਬਰ ਦਿਨ ਸੋਮਵਾਰ ਨੂੰ ਉਸੇ ਸਥਾਨ 'ਤੇ ਕਿਸਾਨ ਬਾਜ਼ਾਰ ਲੱਗੇਗਾ। ਇਸ ਸਬੰਧੀ ਏਕਮ ਆਰਗੈਨਿਕ ਫਾਰਮ ਦੇ ਸੰਚਾਲਕ ਹਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਕਿਸਾਨ ਬਾਜ਼ਾਰ ਵਿਚ ਦੇਸੀ ਘਿਉ ਵਿਚ ਤਿਆਰ ਕੀਤੀਆਂ ਮਠਿਆਈਆਂ, ਬਿਸਕੁਟ, ਪੰਜੀਰੀ ਅਤੇ ਜਲੇਬੀਆਂ ਦੇ ਸਟਾਲ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੀ ਵਿਸ਼ੇਸ਼ਤਾ ਇਹ ਹੋਵੇਗੀ ਕਿ ਇਸ ਵਿਚ ਕੋਈ ਵੀ ਬਾਜ਼ਾਰੂ ਚੀਜ਼ ਨਹੀਂ ਵਰਤੀ ਜਾਵੇਗੀ।



ਹਰਜੀਤ ਸਿੰਘ ਸਿੱਧੂ।

## ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ

ਮੋਗਾ, 19 ਅਕਤੂਬਰ (ਅਸ਼ੋਕ ਬਾਂਸਲ)- ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ ਜਨਰਲ ਸਕੱਤਰ ਪਰਮਜੀਤ ਸਿੰਘ ਚੂਹੜਚੱਕ ਦੀ ਪ੍ਰਧਾਨਗੀ ਹੇਠ ਹੋਈ। ਮੰਚ ਸੰਚਾਲਨ ਦੀ ਭੂਮਿਕਾ ਮੀਤ ਗੁਰਮੀਤ ਨੇ ਨਿਭਾਈ। ਸਾਹਿਤਕਾਰਾਂ ਨੇ ਦੇਸ਼ ਵਾਸੀਆਂ ਨੂੰ ਦੀਵਾਲੀ, ਬੰਦੀ ਛੋੜ ਦਿਵਸ ਤੇ ਵਿਸ਼ਵਕਰਮਾ ਦਿਵਸ ਦੀ ਵਧਾਈ ਦਿੰਦਿਆਂ ਸਭ ਲਈ ਸ਼ੁੱਭ ਇੱਛਾਵਾਂ ਭੇਜੀਆਂ। ਇਸ ਮੌਕੇ ਸਾਹਿਤਕਾਰਾਂ ਨੇ ਮਹਿਫ਼ਲ ਸਜਾਈ ਜਿਸ ਵਿਚ ਬਲਬੀਰ ਸਿੰਘ ਪਰਦੇਸੀ ਅਤੇ ਜੰਗੀਰ ਖੋਖਰ ਨੇ ਗ਼ਜ਼ਲਾਂ, ਸਾਹਿਤ ਦਾ ਬਾਬਾ ਬੋਹੜ ਜੋਧ ਸਿੰਘ ਮੋਗਾ ਨੇ ਸਾਹਿਤ ਦਾ ਟੈਸਟ ਰਚਨਾ, ਨਾਵਲਕਾਰ ਨਛੱਤਰ ਸਿੰਘ ਪ੍ਰੇਮੀ ਨੇ ਨਾਵਲ ਬਾਰੇ, ਪਰਮਜੀਤ ਸਿੰਘ ਚੂਹੜਚੱਕ ਨੇ ਸ਼ੇਅਰ, ਅਰਸ਼ਦੀਪ ਸਿੰਘ ਨੇ ਗੀਤ ਧੀਆਂ, ਠਾਣਾ ਸਿੰਘ ਜਲਾਲਾਬਾਦੀ, ਗੁਰਨਾਮ ਸਿੰਘ ਗਾਮਾ ਤੇ ਸੋਨੀ ਮੋਗਾ ਨੇ ਗੀਤ ਪੇਸ਼ ਕੀਤੇ। ਇਸ ਮੌਕੇ ਗੀਤਕਾਰ ਰਾਜਵੀਰ ਜਵੰਦਾ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਰੱਖਿਆ ਗਿਆ।